# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :23-07-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਲਾਨ ਕੀਤਾ -ਕੇਂਦਰ ਸਰਕਾਰ, NEET ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਮਾਮਲੇ ਵਿੱਚ ਸ਼ਾਮਲ ਲੋਕਾਂ ਨੂੰ ਜਲਦ ਅਤੇ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰੇਗੀ।
- ਕੇਂਦਰੀ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਸੂਬੇ ਵਿੱਚ ਮਹੱਤਵਪੂਰਨ ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦੇ ਲਾਗੂ ਹੋਣ ਵਿੱਚ ਹੋ ਰਹੀ ਦੇਰੀ ਬਾਰੇ ਪੱਤਰ ਲਿਖਿਆ ।
- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਤੱਕ 5 ਲੱਖ ਤੋਂ ਵੱਧ ਲੋਕਾਂ ਨੂੰ ਨਕਦ ਰਹਿਤ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਗਿਆ ।

- ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਤਿੰਨ ਮਾਮਲਿਆਂ ਵਿੱਚ ਆਪਣੇ ਪੱਧਰ 'ਤੇ ਨੋਟਿਸ ਜਾਰੀ-ਬਰਨਾਲਾ ਵਿਚ ਸਫ਼ਾਈ ਕਰਮਚਾਰੀਆਂ ਤੇ ਹੋਏ ਲਾਠੀਚਾਰਜ ਸਬੰਧੀ ਐਸ.ਐਸ.ਪੀ. ਤੋਂ ਰਿਪੋਰਟ ਤਲਬ ਕੀਤੀ।
- ਮੌਸਮ ਵਿਭਾਗ ਨੇ ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਤੇ ਪੱਛਮੀ ਰਾਜਸਥਾਨ ਵਿੱਚ ਐਤਵਾਰ ਤੱਕ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ- ਓਧਰ ਕਾਂਗੜਾ ਜ਼ਿਲ੍ਹੇ ਦੀ ਬੋਹ ਘਾਟੀ ਵਿੱਚ ਬੱਦਲ ਫਟਣ ਨਾਲ ਭਾਰੀ ਨੁਕਸਾਨ ਹੋਇਆ। ਅਤੇ
- ਭਾਰਤ ਅਤੇ ਜ਼ਿੰਬਾਬਵੇ ਵਿਚਕਾਰ ਤਿੰਨ twenty-twenty ਅੰਤਰ-ਰਾਸ਼ਟਰੀ ਕ੍ਰਿਕੇਟ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਅੱਜ ਹਰਾਰੇ ਵਿੱਚ ਖੇਡਿਆ ਜਾ ਰਿਹਾ ਏ।

---------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਲਾਨ ਕੀਤਾ ਕਿ ਕੇਂਦਰ ਸਰਕਾਰ, NEET ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਮਾਮਲੇ ਵਿੱਚ ਸ਼ਾਮਲ ਲੋਕਾਂ ਨੂੰ ਜਲਦੀ ਅਤੇ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰੇਗੀ। ਉਨ੍ਹਾਂ ਵਿਦਿਆਰਥੀਆਂ ਦੇ ਭਵਿੱਖ ਦੀ

ਰੱਖਿਆ ਨੂੰ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਦੱਸਿਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੀ ਭਲਾਈ ਅਤੇ ਭਵਿੱਖ ਸਭ ਤੋਂ ਮਹੱਤਵਪੂਰਨ ਨੇ । ਪ੍ਰਧਾਨ ਮੰਤਰੀ ਦਾ ਇਹ ਬਿਆਨ NEET ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਨੂੰ ਲੈ ਕੇ ਦਿੱਲੀ ਦੇ ਜੰਤਰ-ਮੰਤਰ ਵਿਖੇ ਚੱਲ ਰਹੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਆਇਆ ਏ । ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਅਧਿਕਾਰੀਆਂ ਨੂੰ ਇਸ ਸਬੰਧ ਵਿੱਚ ਸਾਰੇ ਜ਼ਰੂਰੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਨੇ । ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਫੈਸਲਾ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਲਈ ਕੀਤੇ ਜਾ ਰਹੇ ਉਪਾਵਾਂ ਦੀ ਇੱਕ ਲੜੀ ਦੇ ਹਿੱਸੇ ਵਜੋਂ ਲਿਆ ਗਿਆ ਏ ।

---------------------------------------

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਵਿਰੋਧੀ ਪਾਰਟੀਆਂ NEET ਪ੍ਰੀਖਿਆ ਪੇਪਰ ਲੀਕ ਮੁੱਦੇ 'ਤੇ ਵਾਰ-ਵਾਰ ਚਰਚਾ ਤੋਂ ਬਚ ਰਹੀਆਂ ਨੇ ਅਤੇ ਆਪਣਾ ਰੁਖ਼ ਬਦਲ ਰਹੀਆਂ ਨੇ ।

ਪੱਤਰਕਾਰਾਂ ਨਾਲ ਗੱਲ ਕਰਦਿਆਂ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਪੱਸ਼ਟ ਤੌਰ 'ਤੇ ਕਿਹਾ ਏ ਕਿ ਵਿਦਿਆਰਥੀਆਂ ਦੀ ਭਲਾਈ ਸਰਕਾਰ ਲਈ ਸਭ ਤੋਂ ਉੱਪਰ ਏ । ਵਿਰੋਧੀ ਪਾਰਟੀਆਂ 'ਤੇ ਵਿਦਿਆਰਥੀ ਮੁੱਦਿਆਂ ਦਾ ਰਾਜਨੀਤੀਕਰਨ ਕਰਨ ਦਾ ਇਲਜ਼ਾਮ ਲਗਾਉਂਦੇ ਹੋਏ ਚੌਹਾਨ ਨੇ ਕਿਹਾ ਕਿ ਉਹ ਸੰਸਦ ਦੇ ਕੰਮਕਾਜ ਵਿੱਚ ਵਿਘਨ ਪਾਉਣਾ ਚਾਹੁੰਦੇ ਹਨ। BYTE:RNU230726

ਓਧਰ ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਨੂੰ , ਨੀਟ ਪੇਪਰ ਲੀਕ ਮਾਮਲੇ ਅਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਦਿਨ ਭਰ ਲਈ ਮੁਲਤਵੀ ਕਰ ਦਿੱਤਾ ਗਿਆ ਏ ।

---------------------------------------

ਕੇਂਦਰੀ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖ ਕੇ ਸੂਬੇ ਵਿੱਚ ਕਈ ਮਹੱਤਵਪੂਰਨ ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦੇ ਲਾਗੂ ਹੋਣ ਵਿੱਚ ਹੋ ਰਹੀ ਦੇਰੀ ਵੱਲ ਧਿਆਨ ਦਿਵਾਇਆ ਏ । ਇਹ ਦੇਰੀ ਮੁੱਖ ਤੌਰ 'ਤੇ ਸੂਬਾ ਸਰਕਾਰ ਨਾਲ ਬਕਾਇਆ ਮੁੱਦਿਆਂ ਕਾਰਨ ਹੋ ਰਹੀ ਏ। ਸ੍ਰੀ ਬਿੱਟੂ

ਨੇ ਕਿਹਾ ਏ ਕਿ ਇਹ ਪ੍ਰੋਜੈਕਟ ਨਾ ਸਿਰਫ਼ ਰਾਸ਼ਟਰੀ ਮਹੱਤਵ ਦਾ ਮਾਮਲਾ ਨੇ ਬਲਕਿ ਪੰਜਾਬ ਦੇ ਆਰਥਿਕ ਵਿਕਾਸ, ਖੇਤਰੀ ਸੰਪਰਕ ਅਤੇ ਸਮੁੱਚੇ ਵਿਕਾਸ ਲਈ ਵੀ ਮਹੱਤਵਪੂਰਨ ਨੇ। ਪੱਤਰ ਮੁਤਾਬਿਕ ਇਨ੍ਹਾਂ ਨਵੇਂ ਰੇਲ ਲਾਈਨ ਪ੍ਰੋਜੈਕਟਾਂ ਵਿੱਚ, ਫਿਰੋਜ਼ਪੁਰ-ਪੱਟੀ ਰੇਲ ਲਾਈਨ ਪ੍ਰੋਜੈਕਟ, ਰਾਜਪੁਰਾ-ਮੋਹਾਲੀ , ਨੰਗਲ ਡੈਮ-ਤਲਵਾੜਾ-ਮੁਕੇਰੀਆਂ ਪ੍ਰੋਜੈਕਟ, ਰਾਮਾਂ ਮੰਡੀ-ਸੱਦਾ ਸਿੰਘਵਾਲਾ ਨਵਾਂ ਰੇਲ ਲਾਈਨ ਪ੍ਰੋਜੈਕਟ ਅਤੇ ਰੋਡ ਓਵਰ ਬ੍ਰਿਜ ਅਤੇ ਲਿਮਟਿਡ ਹਾਈਟ ਸਬਵੇਅ ਸ਼ਾਮਲ ਨੇ। ਜ਼ਿਆਦਾਤਰ ਨਵੇਂ ਰੇਲ ਲਾਈਨ ਪ੍ਰੋਜੈਕਟ ਜ਼ਮੀਨ ਪ੍ਰਾਪਤੀ ਪ੍ਰਕਿਰਿਆ ਨੂੰ ਪੂਰਾ ਨਾ ਕਰਨ ਕਾਰਨ ਦੇਰੀ ਨਾਲ ਹੋ ਰਹੇ ਹਨ। 25 ਕਿਲੋਮੀਟਰ ਤੋਂ ਵੱਧ ਲੰਬੇ ਫਿਰੋਜ਼ਪੁਰ-ਪੱਟੀ ਨਵੀਂ ਰੇਲ ਲਾਈਨ ਪ੍ਰੋਜੈਕਟ ਦੇ ਮਾਮਲੇ ਵਿੱਚ, ਦਸੰਬਰ 2025 ਵਿੱਚ ਪੰਜਾਬ ਸਰਕਾਰ ਕੋਲ 194 ਕਰੋੜ 11 ਲਖ ਰੁਪਏ ਦੀ ਪੂਰੀ ਰਕਮ ਜਮ੍ਹਾਂ ਕਰਵਾਉਣ ਦੇ ਬਾਵਜੂਦ, ਅਜੇ ਤੱਕ ਰੇਲਵੇ ਨੂੰ ਐਕੁਆਇਰ ਕੀਤੀ ਗਈ ਜ਼ਮੀਨ ਦਾ ਕਬਜ਼ਾ ਨਹੀਂ ਸੌਂਪਿਆ ਗਿਆ । ਕੇਂਦਰੀ ਰਾਜ ਮੰਤਰੀ ਨੇ ਮੁਖ ਮੰਤਰੀ ਨੂੰ ਇਹਨਾਂ ਲੰਬੇ ਸਮੇਂ ਤੋਂ ਬਕਾਇਆ ਰੇਲਵੇ ਪ੍ਰੋਜੈਕਟਾਂ ਨੂੰ ਜਲਦੀ ਪੂਰਾ ਕਰਨ ਲਈ ਨਿੱਜੀ ਦਖਲ ਦੇਣ ਦੀ ਅਪੀਲ ਕੀਤੀ ਏ।

---------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੂਨੀਵਰਸਲ ਹੈਲਥ ਸਕੀਮ 'ਮੁੱਖ ਮੰਤਰੀ ਸਿਹਤ ਯੋਜਨਾ' ਆਪਣੇ ਸਾਢੇ 6 ਮਹੀਨਿਆਂ 'ਚ ਹੀ 5 ਲੱਖ 12 ਹਜ਼ਾਰ ਲੋਕਾਂ ਨੂੰ 914 ਕਰੋੜ ਰੁਪਏ ਤੋਂ ਵੱਧ ਦਾ ਨਕਦ ਰਹਿਤ ਮੁਫ਼ਤ ਇਲਾਜ ਮੁਹੱਈਆ ਕਰਵਾਕੇ ਜ਼ਰੂਰਤਮੰਦਾ ਲਈ ਵਰਦਾਨ ਸਾਬਤ ਹੋਈ ਏ । ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਅੰਕੜੇ ਜਾਰੀ ਕਰਦਿਆਂ ਦੱਸਿਆ ਕਿ ਇਸ ਯੋਜਨਾ ਤਹਿਤ ਹੁਣ ਤੱਕ 50 ਲੱਖ 30 ਹਜ਼ਾਰ ਤੋਂ ਵੱਧ ਈ-ਸਿਹਤ ਕਾਰਡ ਜਾਰੀ ਕੀਤੇ ਗਏ ਹਨ ਅਤੇ ਇਸ ਯੋਜਨਾ ਨੇ ਮਰੀਜ਼ਾਂ ਨੂੰ ਬਗੈਰ ਵਿੱਤੀ ਬੋਝ ਤੋਂ ਜੀਵਨ-ਰੱਖਿਅਕ ਅਤੇ ਮਹਿੰਗੇ ਇਲਾਜ ਪ੍ਰਾਪਤ ਕਰਨ ਦੇ ਯੋਗ ਬਣਾਇਆ ਏ । ਉਨ੍ਹਾਂ ਦੱਸਿਆ ਕਿ ਇਸ ਯੋਜਨਾ ਨੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿਚਕਾਰ ਮਜ਼ਬੂਤ ਭਾਈਵਾਲੀ ਜਾਹਰ ਕੀਤੀ ਏ ਅਤੇ ਸਰਕਾਰੀ ਹਸਪਤਾਲਾਂ ਨੇ 2 ਲਖ 29 ਹਜ਼ਾਰ 551 ਅਤੇ ਨਿੱਜੀ ਹਸਪਤਾਲਾਂ ਨੇ 2 ਲਖ 83 ਹਜ਼ਾਰ 89 ਲੋਕਾਂ ਨੂੰ ਇਲਾਜ ਪ੍ਰਦਾਨ ਕੀਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਵਿੱਚੋਂ, ਲੁਧਿਆਣਾ ਨੇ ਸਭ ਤੋਂ ਵੱਧ ਈ-ਕਾਰਡ ਜਾਰੀ ਕੀਤੇ

ਨੇ ਇਸ ਤੋਂ ਬਾਅਦ ਪਟਿਆਲਾ, ਜਲੰਧਰ ਅਤੇ ਹੁਸ਼ਿਆਰਪੁਰ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਲਾਜ ਦੇ ਮਾਮਲਿਆਂ ਵਿੱਚ ਪਟਿਆਲਾ ਅਤੇ ਬਠਿੰਡਾ ਮੋਹਰੀ ਹਨ। ਨਿਜੀ ਹਸਪਤਾਲਾਂ ਖਿਲਾਫ ਕੀਤੀ ਕਾਰਵਾਈ ਬਾਰੇ ਪੱਤਰਕਾਰਾਂ ਵੱਲੋਂ ਪੁੱਛੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਆਪਣੀ ਆਡਿਟ ਪ੍ਰਣਾਲੀ ਨੂੰ ਬੇਹੱਦ ਮਜ਼ਬੂਤ ਕੀਤਾ ਏ ਅਤੇ ਕੀਤੀ ਗਈ ਪੜਤਾਲ ਦੌਰਾਨ 6 ਮਰੀਜਾਂ ਦੇ 2 ਲੱਖ 98 ਹਜਾਰ ਰੁਪਏ ਵਾਪਸ ਦਿਵਾਏ ਹਨ।

BYTE

ਸਿਹਤ ਮੰਤਰੀ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਜੇਕਰ ਕੋਈ ਹਸਪਤਾਲ ਉਨ੍ਹਾਂ ਦੇ ਮਰੀਜ ਤੋਂ ਕੋਈ ਪੈਸੇ ਦੀ ਮੰਗ ਕਰੇ, ਕੋਈ ਸਮਾਨ ਬਾਹਰੋਂ ਮੰਗਵਾਏ ਜਾਂ ਟੈਸਟ ਬਾਹਰੋਂ ਕਰਵਾਏ ਤਾਂ ਇਸ ਦੀ ਸੂਚਨਾ 104 ਉਪਰ ਦਿੱਤੀ ਜਾਵੇ।

-------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਆਪਣੇ ਪੱਧਰ 'ਤੇ ਨੋਟਿਸ ਜਾਰੀ ਕੀਤਾ ਏ। ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ

ਅਖ਼ਬਾਰਾਂ ਰਾਹੀਂ ਧਿਆਨ ਵਿੱਚ ਆਏ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਨੋਟਿਸ ਜਾਰੀ ਕੀਤਾ ਗਿਆ ਏ । ਉਨਾਂ ਦੱਸਿਆ ਕਿ ਪਹਿਲਾ ਨੋਟਿਸ ਐਸ.ਐਸ.ਪੀ. ਬਰਨਾਲਾ ਨੂੰ ਜਾਰੀ ਕੀਤਾ ਗ਼ਿਆ ਏ ਉਨ੍ਹਾਂ ਤੋਂ ਸਫ਼ਾਈ ਕਰਚਾਰੀਆਂ ਓੱਤੇ ਹੋਏ ਲਾਠੀਚਾਰਚ ਸਬੰਧੀ ਰਿਪੋਰਟ ਤਲਬ ਕੀਤੀ ਗਈ ਏ । ਦੂਜੇ ਮਾਮਲੇ ਵਿੱਚ ਜਲੰਧਰ ਜ਼ਿਲ੍ਹੇ ਦੇ ਐਸਐਸਪੀ ਤੋਂ ਹਲਕਾ ਫਿਲੋਰ ਨਿਵਾਸੀ ਅਨੂ ਨਾਮਕ ਅਨੁਸੂਚਿਤ ਜਾਤੀ ਦੀ ਲੜਕੀ ਦੇ ਕਤਲ ਮਾਮਲੇ ਵਿੱਚ ਕਾਰਵਾਈ ਨਾ ਹੋਣ ਸਬੰਧੀ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਤੋਂ ਪਿੰਡ ਸਹੂੰਗੜਾ ਦੇ ਸ਼ਮਸ਼ਾਨਘਾਟ ਸਬੰਧੀ ਇੱਕ ਮਾਮਲੇ ਵਿੱਚ 28 ਜੁਲਾਈ ਨੂੰ ਰਿਪੋਰਟ ਤਲਬ ਕੀਤੀ ਗਈ ਏ ।

-------------------------------------------

ਕੇਂਦਰੀ ਅੰਕੜਾ ਅਤੇ ਪ੍ਰੋਗਰਾਮ ਅਮਲ ਮੰਤਰਾਲੇ ਦੇ ਖੇਤਰੀ ਅੰਕੜਾ ਦਫ਼ਤਰ, ਜਲੰਧਰ ਵੱਲੋਂ ਅੱਜ ਸੰਗਠਿਤ ਸੇਵਾ ਖੇਤਰ ਦੇ ਉੱਦਮਾਂ ਦੇ ਸਾਲਾਨਾ ਸਰਵੇਖਣ ਸਬੰਧੀ ਇੱਕ ਕੈਂਪ ਦਾ ਆਯੋਜਨ ਕੀਤਾ ਗਿਆ । ਇਸ ਵਿੱਚ ਜਲੰਧਰ ਅਤੇ ਕਪੂਰਥਲਾ ਜ਼ਿਲ੍ਹਿਆਂ ਦੇ ਵਸਤਾਂ ਤੇ ਸੇਵਾਵਾਂ

ਟੈਕਸ ਨੈੱਟਵਰਕ ਡੇਟਾਬੇਸ ਅਧੀਨ ਰਜਿਸਟਰਡ ਉਦਯੋਗ ਖੇਤਰ ਦੇ ਨੁਮਾਇੰਦਿਆਂ ਨੇ ਵਿਸ਼ੇਸ਼ ਤੌਰ ’ਤੇ ਸ਼ਮੂਲੀਅਤ ਕੀਤੀ।

ਇਸ ਬਾਰੇ ਆਕਾਸ਼ਵਾਣੀ ਨਾਲ ਜਾਣਕਾਰੀ ਸਾਂਝੀ ਕਰਦਿਆਂ ਖੇਤਰੀ ਅੰਕੜਾ ਦਫ਼ਤਰ ਦੇ ਡਾਇਰੈਕਟਰ, ਪੱਲਵੀ ਅਗਰਵਾਲ ਸ਼੍ਰੀਵਾਸਤਵ ਨੇ ਦੱਸਿਆ ।

BYTE:RNU230726

---------------------------------------------

ਪ੍ਰਸਾਰ ਭਾਰਤੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਗੌਰਵ ਦਿਵੇਦੀ ਨੇ ਰਾਸ਼ਟਰੀ ਪ੍ਰਸਾਰਣ ਦਿਵਸ ਮੌਕੇ ਕਿਹਾ ਕਿ ਪਿਛਲੇ 99 ਸਾਲਾਂ ਵਿੱਚ ਪ੍ਰਸਾਰਣ ਦਾ ਵਿਕਾਸ, ਰੇਡੀਓ ਤੋਂ ਟੈਲੀਵਿਜ਼ਨ ਅਤੇ ਹੁਣ ਡਿਜੀਟਲ ਸਟ੍ਰੀਮਿੰਗ ਤੱਕ ਵਿਕਸਤ ਹੋਇਆ ਏ। ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ, ਸ਼੍ਰੀ ਦਿਵੇਦੀ ਨੇ ਕਿਹਾ ਕਿ ਪ੍ਰਸਾਰ ਭਾਰਤੀ ਭਾਰਤ ਅਤੇ ਵਿਦੇਸ਼ਾਂ ਵਿੱਚ ਦਰਸ਼ਕਾਂ ਲਈ ਮਨੋਰੰਜਕ, ਜਾਣਕਾਰੀ ਭਰਪੂਰ ਅਤੇ ਵਿਦਿਅਕ ਸਮੱਗਰੀ ਦੀ ਇੱਕ ਵਿਸ਼ਾਲ ਸ਼੍ਰੇਣੀ ਲਿਆਉਣਾ ਜਾਰੀ ਰੱਖੇਗਾ। ਪ੍ਰਸਾਰ ਭਾਰਤੀ ਦੇ OTT ਪਲੇਟਫਾਰਮ, ਵੇਵਜ਼ ਬਾਰੇ ਬੋਲਦੇ ਹੋਏ, ਸ਼੍ਰੀ ਦਿਵੇਦੀ ਨੇ ਕਿਹਾ ਕਿ ਪਲੇਟਫਾਰਮ ਦੇ ਪਹਿਲਾਂ ਹੀ

ਲਗਭਗ ਇਕ ਕਰੋੜ 10 ਲਖ ਖਪਤਕਾਰ  ਨੇ ਅਤੇ ਇਹ ਤੇਜ਼ੀ ਨਾਲ ਵਧ ਰਿਹਾ ਏ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸੰਗਠਨ ਨਵੀਨਤਮ ਉਪਲਬਧ ਤਕਨਾਲੋਜੀਆਂ ਦੀ ਵਰਤੋਂ ਕਰਕੇ ਦਰਸ਼ਕਾਂ ਦੀ ਪਸੰਦ ਮੁਤਾਬਿਕ ਸਮੱਗਰੀ ਪ੍ਰਦਾਨ ਕਰਨਾ ਜਾਰੀ ਰੱਖੇਗਾ।

-----------------------------------------

ਮੌਸਮ ਵਿਭਾਗ ਨੇ  ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ ਉੱਤਰਾਖੰਡ, ਤੇ ਪੱਛਮੀ ਰਾਜਸਥਾਨ  ਵਿੱਚ ਐਤਵਾਰ ਤੱਕ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਏ। ਇਸੇ ਦੌਰਾਨ ਜਲੰਧਰ, ਸਮੇਤ ਸੂਬੇ ਦੇ ਵਿੱਚ ਕਈ ਜ਼ਿਲਿਆਂ ਵਿਚ ਮੀਂਹ ਪਿਆ।

-----------------------------------------

ਓਧਰ ਕਾਂਗੜਾ ਜ਼ਿਲ੍ਹੇ ਦੀ ਬੋਹ ਘਾਟੀ ਦੇ ਗੜ੍ਹਗੁਨ ਅਤੇ ਸਪਦਾ ਪਿੰਡਾਂ ਵਿੱਚ ਬੱਦਲ ਫਟਣ ਨਾਲ ਭਾਰੀ ਨੁਕਸਾਨ ਹੋਇਆ ਏ। 25 ਘਰ ਪੂਰੀ ਤਰ੍ਹਾਂ ਤਬਾਹ ਹੋ ਗਏ, ਜਦੋਂ ਕਿ ਕਈ ਹੋਰ ਨੁਕਸਾਨੇ ਗਏ। ਪ੍ਰਸ਼ਾਸਨ ਅਤੇ ਸਥਾਨਕ ਨਿਵਾਸੀਆਂ ਦੀ ਚੌਕਸੀ ਕਾਰਨ, ਕਿਸੇ ਵੀ ਜਾਨੀ ਜਾਂ ਮਾਲੀ ਨੁਕਸਾਨ ਦੀ ਖਬਰ ਨਹੀਂ ਏ। ਡਿਪਟੀ ਕਮਿਸ਼ਨਰ ਹੇਮਰਾਜ ਬੈਰਵਾ ਨੇ

ਦੱਸਿਆ ਕਿ 38 ਪਰਿਵਾਰਾਂ ਦੇ ਲਗਭਗ 200 ਲੋਕ ਪ੍ਰਭਾਵਿਤ ਹੋਏ ਹਨ। ਕਈ ਗਊਸ਼ਾਲਾਵਾਂ ਮਲਬੇ ਹੇਠ ਦੱਬ ਗਈਆਂ, ਜਿਸ ਕਾਰਨ ਪਸ਼ੂਆਂ ਦਾ ਨੁਕਸਾਨ ਹੋਇਆ। ਪ੍ਰਭਾਵਿਤ ਲੋਕਾਂ ਨੂੰ ਸਥਾਨਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਥਾਪਤ ਰਾਹਤ ਕੈਂਪ ਵਿੱਚ ਰੱਖਿਆ ਗਿਆ ਏ। ਓਧਰ ਜੰਮੂ ਕਸ਼ਮੀਰ ਵਿੱਚ ਲਗਾਤਾਰ ਮੀਂਹ ਨਾਲ 250 ਕਿਲੋਮੀਟਰ ਲੰਬਾ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ ਨੰਬਰ 44 ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਏ। ਯਾਤਰੀਆਂ ਨੂੰ ਮੌਸਮ ਵਿੱਚ ਸੁਧਾਰ ਅਤੇ ਸੜਕ ਦੀ ਮੁਰੰਮਤ ਪੂਰੀ ਹੋਣ ਤੱਕ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ 'ਤੇ ਯਾਤਰਾ ਨਾ ਕਰਨ ਦੀ ਸਲਾਹ ਦਿੱਤੀ ਗਈ ਏ।

-------------------------------------

ਭਾਰਤ ਅਤੇ ਜ਼ਿੰਬਾਬਵੇ ਵਿਚਕਾਰ ਤਿੰਨ twenty-twenty ਅੰਤਰ-ਰਾਸ਼ਟਰੀ ਕ੍ਰਿਕੇਟ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਅੱਜ ਹਰਾਰੇ ਵਿੱਚ ਖੇਡਿਆ ਜਾ ਰਿਹਾ ਏ। ਜ਼ਿੰਬਾਬਵੇ ਨੇ ਭਾਰਤ ਸਾਹਮਣੇ ਜਿੱਤ ਲਈ 126 ਦੌੜਾਂ ਦਾ ਟੀਚਾ ਰੱਖਿਆ ਏ ।

-------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਲਾਨ ਕੀਤਾ -ਕੇਂਦਰ ਸਰਕਾਰ, NEET ਪ੍ਰੀਖਿਆ ਪ੍ਰਸ਼ਨ ਪੱਤਰ ਲੀਕ ਮਾਮਲੇ ਵਿੱਚ ਸ਼ਾਮਲ ਲੋਕਾਂ ਨੂੰ ਜਲਦ ਅਤੇ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰੇਗੀ।
- ਕੇਂਦਰੀ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਸੂਬੇ ਵਿੱਚ ਮਹੱਤਵਪੂਰਨ ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦੇ ਲਾਗੂ ਹੋਣ ਵਿੱਚ ਹੋ ਰਹੀ ਦੇਰੀ ਬਾਰੇ ਪੱਤਰ ਲਿਖਿਆ ।
- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਤੱਕ 5 ਲੱਖ ਤੋਂ ਵੱਧ ਲੋਕਾਂ ਨੂੰ ਨਕਦ ਰਹਿਤ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਗਿਆ।
- ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਤਿੰਨ ਮਾਮਲਿਆਂ ਵਿੱਚ ਆਪਣੇ ਪੱਧਰ 'ਤੇ ਨੋਟਿਸ ਜਾਰੀ-ਬਰਨਾਲਾ ਵਿਚ ਸਫ਼ਾਈ ਕਰਮਚਾਰੀਆਂ ’ਤੇ ਹੋਏ ਲਾਠੀਚਾਰਜ ਸਬੰਧੀ ਐਸ.ਐਸ.ਪੀ. ਤੋਂ ਰਿਪੋਰਟ ਤਲਬ ਕੀਤੀ।
- ਮੌਸਮ ਵਿਭਾਗ ਨੇ ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਤੇ ਪੱਛਮੀ ਰਾਜਸਥਾਨ ਵਿੱਚ ਐਤਵਾਰ ਤੱਕ ਭਾਰੀ ਮੀਂਹ ਦੀ

ਪੇਸ਼ੀਨਗੋਈ ਕੀਤੀ- ਓਧਰ ਕਾਂਗੜਾ ਜ਼ਿਲ੍ਹੇ ਦੀ ਬੋਹ ਘਾਟੀ ਵਿੱਚ ਬੱਦਲ ਫਟਣ ਨਾਲ ਭਾਰੀ ਨੁਕਸਾਨ ਹੋਇਆ। ਅਤੇ

- ਭਾਰਤ ਅਤੇ ਜ਼ਿੰਬਾਬਵੇ ਵਿਚਕਾਰ ਤਿੰਨ twenty-twenty ਅੰਤਰ-ਰਾਸ਼ਟਰੀ ਕ੍ਰਿਕੇਟ ਮੈਚਾਂ ਦੀ ਲੜੀ ਦਾ ਪਹਿਲਾ ਮੈਚ ਅੱਜ ਹਰਾਰੇ ਵਿੱਚ ਖੇਡਿਆ ਜਾ ਰਿਹਾ ਏ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ**